# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
# ਪ੍ਰੈਸ ਨੋਟ

## ਤਿਕਸ਼ਨ ਸੂਦ ਨੇ ਵਾਰਡ ਨੰ: 37 ਵਿਖੇ 12 ਲੱਖ ਰੁਪਏ ਦੀ ਲਾਗਤ ਨਾਲ ਇੰਨਟਰਲਾਕਿੰਗ ਟਾਇਲਾਂ ਨਾਲ ਬਣਨ ਵਾਲੀ ਸੜਕ ਦੇ ਕੰਮ ਦੀ ਸ਼ੁਰੂਆਤ

ਹੁਸ਼ਿਆਰਪੁਰ 11 ਦਸੰਬਰ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਅੱਜ ਵਾਰਡ ਨੰ: 37 ਦੇ ਮੁਹੱਲਾ ਧੋਬੀ ਘਾਟ ਦੇ ਭਗਵਾਨ ਦਾਸ ਰੋਡ ਨੂੰ 12 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਲਗਾ ਕੇ ਬਣਾਉਣ ਦੇ ਕੰਮ ਦੀ ਕੌਂਸਲਰ ਸੁਦਰਸ਼ਨ ਧੀਰ ਰਾਹੀਂ ਟੱਕ ਲਗਵਾ ਕੇ ਸ਼ੁਰੂਆਤ ਕੀਤੀ, ਉਹਨਾਂ ਦੱਸਿਆ ਕਿ ਕੌਂਸਲਰ ਸੁਦਰਸ਼ਨ ਧੀਰ ਅਤੇ ਮੁਹੱਲਾ ਵਾਸੀਆਂ ਦੀ ਮੰਗ ਅਨੁਸਾਰ ਇਸ ਸੜਕ ਨੂੰ ਬਣਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਨਗਰ ਨਿਗਮ ਸਾਰੇ ਵਾਰਡਾਂ ਵਿਚ ਬਿਨਾਂ ਭੇਦ ਭਾਵ ਕੌਂਸਲਰਾਂ ਦੀ ਮੰਗ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਵਾਰਡ ਨੰ: 37 ਦੇ ਕੌਂਸਲਰ ਸੁਦਰਸ਼ਨ ਧੀਰ ਨੇ ਇਸ ਮੌਕੇ ਤੇ ਤਿਕਸ਼ਨ ਸੂਦ ਅਤੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਵੱਲੋਂ ਇੰਨਟਰਲਾਕਿੰਗ ਟਾਇਲਾਂ ਨਾਲ ਬਣਨ ਵਾਲੀ ਸੜਕ ਦਾ ਕੰਮ ਸ਼ੁਰੂ ਕਰਾਉਣ ਤੇ ਉਹਨਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਹਨਾਂ ਵਲੋਂ ਵਾਰਡ ਨੰ: 37 ਵਿਚ ਪਹਿਲਾ ਵੀ ਲੱਖਾਂ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ। ਇਸ ਮੌਕੇ ਤੇ ਅਨੰਦਵੀਰ ਸਿੰਘ, ਮੰਡਲ ਪ੍ਰਧਾਨ ਅਸ਼ਵਨੀ ਓਹਰੀ, ਕਸ਼ਮੀਰ ਸਿੰਘ, ਅਸ਼ਵਨੀ ਸ਼ਰਮਾ, ਲਾਲੀ ਸੈਣੀ, ਬਿੰਨੀ ਸੂਦ, ਸ਼ਾਮ ਧੀਰ, ਦੀਪਕ ਕਤਨਾ, ਰਾਮਦੇਵ ਯਾਦਵ, ਪੰਡਿਤ ਰਕੇਸ਼, ਯਸ਼ਪਾਲ ਸ਼ਰਮਾ, ਮਾਲਾ ਦੇਵੀ, ਦੇਵਾ ਜੀ ਅਤੇ ਮੁਹੱਲਾ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।